**15ਵੀਂ ਵਿਧਾਨ ਸਭਾ**
**ਅੱਠਵਾਂ ਸਮਾਗਮ**

**ਪੰਜਾਬ ਵਿਧਾਨ ਸਭਾ**
**ਬੁਲੇਟਿਨ ਨੰ: 2**
**ਸੋਮਵਾਰ, 05 ਅਗਸਤ, 2019**
**(11.00 ਵਜੇ ਸਵੇਰ ਤੋਂ 12.53 ਵਜੇ ਬਾਅਦ ਦੁਪਹਿਰ ਤੱਕ)**

1. **ਪ੍ਰਸ਼ਨ**

(ੳ) ਨਿਸ਼ਾਨ ਵਾਲੇ ਪ੍ਰਸ਼ਨ:

| ਕ੍ਰਮ ਪੱਤਰ ਤੇ ਕੁੱਲ ਪ੍ਰਸ਼ਨ | ਉੱਤਰ ਦਿੱਤੇ ਗਏ | ਪੁੱਛੇ ਨਾ ਗਏ | ਮੁਲਤਵੀ ਕੀਤੇ ਗਏ | ਨਿਯਮ 38 ਅਧੀਨ ਉੱਤਰ ਦਿੱਤੇ ਗਏ | ਅਨੁਪੂਰਕਾਂ ਦੀ ਗਿਣਤੀ |
|---|---|---|---|---|---|
| 20 | 16 | 01 | 01 | 02 | 24 |

(ਅ) ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ: 18

2. **ਮਾਨਯੋਗ ਸਪੀਕਰ ਦੁਆਰਾ ਐਲਾਨ**

(i) **ਸਭਾਪਤੀ ਨਾਮਾਂਵਲੀ ਸਬੰਧੀ**

ਮਾਨਯੋਗ ਸਪੀਕਰ ਨੇ ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਂਵਲੀ ਦੇ ਨਿਯਮ 13(1) ਦੇ ਅਧੀਨ ਨਿਮਨਲਿਖਤ ਮਾਨਯੋਗ ਮੈਂਬਰਾਂ ਨੂੰ ਸਭਾਪਤੀ ਨਾਮਾਂਵਲੀ ਲਈ ਨਾਮਜ਼ਦ ਕਰਨ ਸਬੰਧੀ ਐਲਾਨ ਕੀਤਾ:

1. ਸਰਦਾਰ ਪਰਗਟ ਸਿੰਘ ਪੋਆਰ
2. ਸਰਦਾਰ ਪਰਮਿੰਦਰ ਸਿੰਘ ਪਿੰਕੀ
3. ਸ਼੍ਰੀ ਅਮਨ ਅਰੋੜਾ
4. ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ

3. **ਸਕੱਤਰ ਦੁਆਰਾ ਐਲਾਨ:**

ਸਕੱਤਰ ਵੱਲੋਂ 15ਵੀਂ ਵਿਧਾਨ ਸਭਾ ਦੁਆਰਾ ਇਸ ਦੇ ਸੱਤਵੇਂ ਸਮਾਗਮ ਦੌਰਾਨ ਪਾਸ ਕੀਤੇ ਗਏ ਬਿਲਾਂ, ਜਿਨ੍ਹਾਂ ਤੇ ਰਾਜਪਾਲ ਜੀ ਨੇ ਆਪਣੀ ਸਹਿਮਤੀ ਦੇ ਦਿੱਤੀ ਹੈ, ਦਾ ਵੇਰਵਾ ਸਦਨ ਦੀ ਮੇਜ਼ ਤੇ ਰੱਖਿਆ ਗਿਆ।

4. **ਧਿਆਨ ਦਿਵਾਊ ਨੋਟਿਸ**

1. **ਸਰਦਾਰ ਕੁਲਤਾਰ ਸਿੰਘ ਸੰਧਵਾਂ, ਐਮ.ਐਲ.ਏ., ਸਰਦਾਰ ਕੁਲਵੰਤ ਸਿੰਘ ਪੰਡੋਰੀ, ਐਮ.ਐਲ.ਏ** ਅਤੇ **ਸ਼੍ਰੀ ਅਮਨ ਅਰੋੜਾ, ਐਮ.ਐਲ.ਏ.** ਵਲੋਂ ਆਟਾ-ਦਾਲ ਸਕੀਮ ਅਧੀਨ ਵੰਡੀ ਗਈ ਕਣਕ ਦੇ ਘੱਟ ਤੋਲ ਅਤੇ ਸਬਸਟੈਂਡਰਡ ਸਪਲਾਈ ਵੱਲ ਸਰਕਾਰ ਦਾ ਧਿਆਨ ਦਿਵਾਇਆ ਗਿਆ।

(ਨੰ: 5)

ਖੁਰਾਕ ਅਤੇ ਸਿਵਲ ਸਪਲਾਈਜ਼ ਮੰਤਰੀ ਨੇ ਜਵਾਬ ਦਿੱਤਾ।

2. **ਸਰਦਾਰ ਕੁਲਤਾਰ ਸਿੰਘ ਸੰਧਵਾਂ, ਐਮ.ਐਲ.ਏ.** ਅਤੇ **ਸ਼੍ਰੀ ਜੈ ਕ੍ਰਿਸ਼ਨ ਸਿੰਘ , ਐਮ.ਐਲ.ਏ.** ਵਲੋਂ ਕੋਟਕਪੂਰਾ ਅਤੇ ਫਰੀਦਕੋਟ ਸ਼ਹਿਰਾਂ ਵਿੱਚ ਸੀਵਰੇਜ਼ ਪਾਉਣ, ਸਟਰੀਟ ਲਾਈਟਾਂ ਲਗਾਉਣ ਅਤੇ ਗੰਦੇ ਪਾਣੀ ਦੇ ਨਿਕਾਸ ਦੇ ਕੰਮ ਜਿਸ ਦਾ ਠੇਕਾ Shapoorji Pallongji Company, Mohali ਨੂੰ ਦਿੱਤਾ ਹੋਇਆ ਹੈ, ਦੇ ਅਧੂਰੇ ਪਏ ਕੰਮ ਵੱਲ ਸਰਕਾਰ ਦਾ ਧਿਆਨ ਦਿਵਾਇਆ ਗਿਆ।

(ਨੰ: 6)

ਸਥਾਨਕ ਸਰਕਾਰ ਮੰਤਰੀ ਨੇ ਜਵਾਬ ਦਿੱਤਾ।

3. **ਸ਼੍ਰੀਮਤੀ ਸਰਵਜੀਤ ਕੌਰ ਮਾਣੂੰਕੇ, ਐਮ.ਐਲ.ਏ.** ਅਤੇ **ਸ਼੍ਰੀ ਅਮਨ ਅਰੋੜਾ,ਐਮ.ਐਲ.ਏ.** ਵਲੋਂ ਕੁੱਤਿਆਂ ਦੀ ਦਹਿਸ਼ਤ ਨੂੰ ਠੱਲ੍ਹ ਪਾਉਣ ਲਈ ਇੱਕ ਹੈਲਪ-ਲਾਈਨ ਸਥਾਪਿਤ ਕਰਨ ਵੱਲ ਸਰਕਾਰ ਦਾ ਧਿਆਨ ਦਿਵਾਇਆ ਗਿਆ।

(ਨੰ: 11)

ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਨੇ ਜਵਾਬ ਦਿੱਤਾ।

5. **ਵਾਕ ਆਊਟ**

ਸ਼੍ਰੋਮਣੀ ਅਕਾਲੀ ਦਲ ਅਤੇ ਬੀ.ਜੇ.ਪੀ ਦੇ ਸਦਨ ਵਿੱਚ ਹਾਜ਼ਰ ਮੈਂਬਰ ਕੰਮ ਰੋਕੂ ਪ੍ਰਸਤਾਵ ਅਸਵੀਕਾਰ ਕਰਨ ਦੇ ਮੁੱਦੇ ਤੇ ਨਾਅਰੇ ਮਾਰਦੇ ਹੋਏ ਸਦਨ ਵਿਚੋਂ ਵਾਕ ਆਊਟ ਕਰ ਗਏ।

6. **ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ**

ਮਾਨਯੋਗ ਸਪੀਕਰ ਨੇ ਪੰਜਾਬ ਵਿਧਾਨ ਸਭਾ ਦੁਆਰਾ 03 ਅਗਸਤ, 2019 ਤੋਂ 06 ਅਗਸਤ, 2019 ਤੱਕ ਕੀਤੇ ਜਾਣ ਵਾਲੇ ਕੰਮ-ਕਾਰ ਸਬੰਧੀ ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਸਦਨ ਵਿਚ ਪੇਸ਼ ਕੀਤੀ।

ਸੰਸਦੀ ਮਾਮਲੇ ਮੰਤਰੀ ਵੱਲੋਂ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ :-

> "ਕਿ ਇਹ ਸਦਨ ਕਾਰਜ-ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਵਿੱਚ ਦਰਜ ਸਿਫਾਰਸ਼ਾਂ ਨਾਲ ਸਹਿਮਤ ਹੈ।"

7. **ਰਿਪੋਰਟਾਂ ਪੇਸ਼ ਕਰਨਾ**

1. ਵਿਸ਼ੇਸ਼ ਅਧਿਕਾਰ ਕਮੇਟੀ ਦੇ ਮੈਂਬਰ (ਸਰਦਾਰ ਪਰਗਟ ਸਿੰਘ ਪੋਆਰ) ਨੇ ਵਿਸ਼ੇਸ਼ ਅਧਿਕਾਰ ਦੇ ਉਠਾਏ ਗਏ ਮਾਮਲਿਆਂ ਸੰਬੰਧੀ ਨਿਮਨਲਿਖਤ ਦੂਜੀ/ਤੀਜੀ/ਚੌਥੀ/ਪੰਜਵੀਂ ਅੰਤਰਿਮ ਰਿਪੋਰਟਾਂ ਪੇਸ਼ ਕੀਤੀਆਂ:

   i) ਸ਼੍ਰੀ ਬ੍ਰਹਮ ਮੋਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ, ਵਲੋਂ ਸਰਦਾਰ ਸੁਖਬੀਰ ਸਿੰਘ ਬਾਦਲ, ਐਮ.ਐਲ.ਏ. (ਹੁਣ ਮੈਂਬਰ ਪਾਰਲੀਮੈਂਟ) ਦੇ ਵਿਰੁੱਧ;

   ii) ਸ਼੍ਰੀ ਬ੍ਰਹਮ ਮੋਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ, ਵਲੋਂ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਿਰੁੱਧ;

   iii) ਸ਼੍ਰੀ ਬ੍ਰਹਮ ਮੋਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ, ਵਲੋਂ ਸਰਦਾਰ ਸੁਖਪਾਲ ਸਿੰਘ ਖਹਿਰਾ, ਐਮ.ਐਲ.ਏ. ਦੇ ਵਿਰੁੱਧ;

   iv) ਸ਼੍ਰੀ ਬ੍ਰਹਮ ਮੋਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ, ਵਲੋਂ ਸਰਦਾਰ ਸੁਖਪਾਲ ਸਿੰਘ ਖਹਿਰਾ, ਐਮ.ਐਲ.ਏ. ਦੇ ਵਿਰੁੱਧ;

   v) ਸਰਦਾਰ ਕੁਲਬੀਰ ਸਿੰਘ ਜ਼ੀਰਾ, ਐਮ.ਐਲ.ਏ., ਵਲੋਂ ਸਰਦਾਰ ਸਿਮਰਜੀਤ ਸਿੰਘ ਬੈਂਸ, ਐਮ.ਐਲ.ਏ. ਦੇ ਵਿਰੁੱਧ;

   vi) ਸ਼੍ਰੀ ਬ੍ਰਹਮ ਮੋਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ, ਵਲੋਂ ਸ਼੍ਰੀ ਪਵਨ ਕੁਮਾਰ ਟੀਨੂੰ, ਐਮ.ਐਲ.ਏ. ਦੇ ਵਿਰੁੱਧ; ਅਤੇ

   vii) ਸ਼੍ਰੀ ਬ੍ਰਹਮ ਮੋਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ, ਵਲੋਂ ਸਰਦਾਰ ਸੁਖਬੀਰ ਸਿੰਘ ਬਾਦਲ, ਐਮ.ਐਲ.ਏ. (ਹੁਣ ਮੈਂਬਰ ਪਾਰਲੀਮੈਂਟ) ਦੇ ਵਿਰੁੱਧ।

8. **ਮੇਜ਼ ਤੇ ਮੁੜ ਰੱਖੇ ਜਾਣ ਵਾਲੇ / ਰੱਖੇ ਜਾਣ ਵਾਲੇ ਕਾਗਜ਼-ਪੱਤਰ**

ਸੰਸਦੀ ਮਾਮਲੇ ਮੰਤਰੀ ਨੇ ਅੱਜ ਦੀ ਕਾਰਜ-ਸੂਚੀ ਦੇ ਲੜੀ ਨੰ: VI ਅਧੀਨ ਦਰਸਾਏ ਗਏ ਲੜੀ ਨੰ: 1 ਤੋਂ 11 ਤੱਕ ਵਰਣਿਤ ਕਾਗਜ਼-ਪੱਤਰ ਸਦਨ ਦੀ ਮੇਜ਼ ਤੇ ਰੱਖੇ।

9. **ਵਿਧਾਨਕ ਕੰਮ-ਕਾਰ**

1. **ਪੰਜਾਬ ਆਬਕਾਰੀ (ਸੋਧਨਾ) ਬਿਲ, 2019**

ਮੁੱਖ ਮੰਤਰੀ ਨੇ ਪੰਜਾਬ ਆਬਕਾਰੀ (ਸੋਧਨਾ) ਬਿਲ, 2019 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 03 ਤੱਕ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਮੁੱਖ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਪੰਜਾਬ ਆਬਕਾਰੀ (ਸੋਧਨਾ) ਬਿਲ, 2019 ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

2. **ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਖੇਡ ਯੂਨੀਵਰਸਿਟੀ ਬਿਲ, 2019**

ਖੇਡਾਂ ਅਤੇ ਯੁਵਕ ਮਾਮਲੇ ਮੰਤਰੀ ਨੇ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਖੇਡ ਯੂਨੀਵਰਸਿਟੀ ਬਿਲ, 2019 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2 ਤੇ 3), ਕਲਾਜ਼ਾਂ 2 ਤੋਂ 38 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਖੇਡਾਂ ਅਤੇ ਯੁਵਕ ਮਾਮਲੇ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਖੇਡ ਯੂਨੀਵਰਸਿਟੀ ਬਿਲ, 2019 ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

10. **ਵਾਕ ਆਊਟ**

ਆਮ ਆਦਮੀ ਪਾਰਟੀ ਦੇ ਸਦਨ ਵਿੱਚ ਹਾਜ਼ਰ ਸਮੂਹ ਮੈਂਬਰ ਬਿਜਲੀ ਦੇ ਵਧੇ ਹੋਏ ਰੇਟਾਂ ਤੇ ਕੰਮ ਰੋਕੂ ਪ੍ਰਸਤਾਵ ਅਸਵੀਕਾਰ ਕਰਨ ਦੇ ਮੁੱਦੇ ਅਤੇ ਹੋਰ ਲੋਕ ਹਿੱਤਾਂ ਦੇ ਵੱਖ ਵੱਖ ਮੁੱਦਿਆਂ ਤੇ ਬੋਲਣ ਲਈ ਢੁੱਕਵਾਂ ਸਮਾਂ ਨਾ ਦੇਣ ਦੇ ਰੋਸ ਵੱਜੋਂ ਨਾਅਰੇ ਮਾਰਦੇ ਹੋਏ ਸਦਨ ਵਿਚੋਂ ਵਾਕ ਆਊਟ ਕਰ ਗਏ।

ਇਸ ਉਪਰੰਤ ਸਦਨ ਮੰਗਲਵਾਰ, ਮਿਤੀ 06 ਅਗਸਤ, 2019 ਦੇ 10.00 ਵਜੇ ਸਵੇਰ ਤੱਕ ਸਥੱਗਿਤ ਹੋ ਗਿਆ।

**ਚੰਡੀਗੜ:**
**05 ਅਗਸਤ,** 2019

**ਸ਼ਸ਼ੀ ਲਖਨਪਾਲ ਮਿਸ਼ਰਾ,**
**ਸਕੱਤਰ ।**